# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 13-08-2024**

ਕੇਂਦਰ ਸਰਕਾਰ ਪ੍ਰਸਾਰਣ ਸੇਵਾਵਾਂ ਬਾਰੇ ਨੇਮਬੱਧੀ ਬਿੱਲ ਦਾ ਨਵਾਂ ਖਰੜਾ ਵਿਆਪਕ ਵਿਚਾਰ-ਵਟਾਂਦਰੇ ਤੋਂ ਬਾਅਦ ਤਿਆਰ ਕਰੇਗੀ । ਸੂਚਨਾ ਤੇ ਪ੍ਰਸਾਰਣ ਮੰਤਰਾਲੇ ਨੇ ਖਰੜਾ ਬਿੱਲ 'ਤੇ ਟਿੱਪਣੀਆਂ ਅਤੇ ਸੁਝਾਅ ਪ੍ਰਾਪਤ ਕਰਨ ਦੀ ਸਮਾਂ ਸੀਮਾ ਇਸ ਸਾਲ 15 ਅਕਤੂਬਰ ਤੱਕ ਵਧਾ ਦਿੱਤੀ ਏ । ਇਸ ਤੋਂ ਪਹਿਲਾਂ, ਬਿੱਲ ਦਾ ਖਰੜਾ ਪਿਛਲੇ ਸਾਲ ਨਵੰਬਰ ਵਿੱਚ ਹਿੱਸੇਦਾਰਾਂ ਅਤੇ ਆਮ ਲੋਕਾਂ ਦੇ ਸੁਝਾਵਾਂ ਲਈ ਜਨਤਕ ਕੀਤਾ ਗਿਆ ਸੀ । ਬਿੱਲ ਦੇ ਖਰੜੇ 'ਤੇ ਕਈ ਸਿਫ਼ਾਰਸ਼ਾਂ, ਟਿੱਪਣੀਆਂ ਤੇ ਸੁਝਾਅ ਪ੍ਰਾਪਤ ਹੋਏ ਨੇ । ਮੰਤਰਾਲਾ ਖਰੜਾ ਬਿੱਲ 'ਤੇ ਵੱਖ-ਵੱਖ ਹਿੱਸੇਦਾਰਾਂ ਨਾਲ ਵਿਚਾਰ-ਵਟਾਂਦਰਾ ਕਰ ਰਿਹਾ ਏ ।

---

ਰਾਜ ਸਭਾ ਮੈਂਬਰ ਬਾਬਾ ਬਲਬੀਰ ਸਿੰਘ ਸੀਚੇਵਾਲ ਨੇ ਪ੍ਰਧਾਨ ਮੰਤਰੀ

ਆਦਰਸ਼ ਗ੍ਰਾਮ ਯੋਜਨਾ ਤਹਿਤ ਗੋਦ ਲਏ ਮੋਗਾ ਜ਼ਿਲੇ ਦੇ ਪਿੰਡ ਲੋਪੋਂ ਵਿੱਚ ਆਪਣੇ ਅਖਤਿਆਰੀ ਕੋਟੇ ਨਾਲ ਕਰਵਾਏ ਵਿਕਾਸ ਕਾਰਜਾਂ ਦਾ ਕਲ ਉਦਘਾਟਨ ਕੀਤਾ। ਉਨਾਂ ਦੱਸਿਆ ਕਿ ਪਿੰਡ ਲੋਪੋਂ ਦੇ ਵਿਕਾਸ ਲਈ 50 ਲੱਖ ਰੁਪਏ ਜਾਰੀ ਕਰਨ ਦਾ ਐਲਾਨ ਕਰਦਿਆਂ ਉਨਾਂ ਕਿਹਾ ਸੀ ਕਿ ਪਿੰਡ ਨਿਵਾਸੀ ਇਸ ਪੈਸੇ ਨੂੰ ਜਿੱਥੇ ਚਾਹੁਣ ਵਿਕਾਸ ਕਾਰਜਾਂ ਵਿੱਚ ਖਰਚ ਕਰ ਸਕਦੇ ਨੇ। ਉਨਾਂ ਦੱਸਿਆ ਕਿ 23 ਲੱਖ ਰੁਪਏ ਦੀ ਰਕਮ ਖਰਚ ਕਰਕੇ ਪਿੰਡ ਦੀ ਨਕਸ਼ ਨੁਹਾਰ ਬਦਲਣ ਦੇ ਨਾਲ ਨਾਲ ਯਾਦਗਾਰੀ ਪਾਰਕ ਦੀ ਚਾਰਦੁਆਰੀ ਅਤੇ ਹੋਰ ਕੰਮ ਕਰਵਾਏ ਗਏ ਨੇ । ਬਾਬਾ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਸਿੱਖ ਧਰਮ ਦੇ ਮੋਢੀ ਅਤੇ ਪਹਿਲੀ ਪਾਤਸ਼ਾਹੀ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਸਾਹਿਬ ਨੇ ਗੁਰਬਾਣੀ ਰਾਹੀਂ ਹਵਾ ਨੂੰ ਗੁਰੂ, ਪਾਣੀ ਨੂੰ ਪਿਤਾ, ਧਰਤੀ ਨੂੰ ਮਾਤਾ ਦਾ ਦਰਜਾ ਦਿੱਤਾ, ਪਰ ਅਸੀਂ ਅੱਜ ਆਪਣੇ ਥੋੜੇ ਜਿਹੇ ਸੁਆਰਥਾਂ ਨੂੰ ਪੂਰਾ ਕਰਨ ਲਈ ਇਨ੍ਹਾ ਤਿੰਨਾਂ ਨੂੰ ਦੂਸ਼ਿਤ ਕਰ ਰਹੇ ਹਾਂ। ਉਨਾਂ ਆਖਿਆ ਕਿ ਅੱਜ ਜਰੂਰਤ ਹਵਾ, ਪਾਣੀ ਤੇ ਧਰਤੀ ਨੂੰ ਬਚਾਉਣ ਵਿੱਚ ਸਾਰੇ ਮਨੁੱਖਾਂ ਨੂੰ ਯੋਗਦਾਨ ਪਾਉਣ ਦੀ ਏ।

---

ਦੇਸ਼ ਭਰ ਵਿਚ ਤੀਜੀ "ਹਰ ਘਰ ਤਿਰੰਗਾ" ਮੁਹਿੰਮ ਇਨੀਂ ਦਿਨੀਂ ਪੂਰੇ ਜ਼ੋਰ ਨਾਲ ਚਲ ਰਹੀ ਏ। ਇਸ ਪਹਿਲਕਦਮੀ ਦਾ ਮੰਤਵ ਹਰ ਭਾਰਤੀ ਨੂੰ ਰਾਸ਼ਟਰੀ ਝੰਡਾ ਤਿਰੰਗਾ ਲਹਿਰਾਉਣ ਲਈ ਉਤਸ਼ਾਹਿਤ ਕਰਕੇ ਨਾਗਰਿਕਾਂ ਵਿੱਚ ਦੇਸ਼ ਭਗਤੀ ਅਤੇ ਰਾਸ਼ਟਰੀ ਸਵੈਮਾਣ ਦੀ ਭਾਵਨਾ ਪੈਦਾ ਕਰਨਾ ਏ। ਇਸ ਦੌਰਾਨ 15 ਅਗਸਤ ਤਕ ਦੇਸ਼ ਭਰ ਵਿੱਚ ਦੋ ਸੌ ਤੋਂ ਵੱਧ ਸੱਭਿਆਚਾਰਕ ਪ੍ਰੋਗਰਾਮ ਕਰਵਾਏ ਜਾਣਗੇ। ਜਲੰਧਰ ਵਿਚ ਆਕਾਸ਼ਵਾਣੀ ਨਾਲ ਗੱਲਬਾਤ ਕਰਦਿਆਂ ਸਰਵਹਿਤਕਾਰੀ ਸਿਖਿਆ ਕਮੇਟੀ ਪੰਜਾਬ ਦੇ ਵਿੱਤ ਸਕੱਤਰ ਵਿਜੇ ਠਾਕੁਰ ਨੇ ਆਸ ਪ੍ਰਗਟਾਈ ਕਿ ਨਵੀਂ ਪੀੜ੍ਹੀ ਵਿਚ ਦੇਸ਼ਭਕਤੀ ਦੀ ਭਾਵਨਾ ਪੈਦਾ ਕਰਨ ਵਿਚ "ਹਰ ਘਰ ਤਿਰੰਗਾ" ਮੁਹਿੰਮ ਅਹਿਮ ਭੂਮਿਕਾ ਨਿਭਾਏਗੀ।

---

ਏਧਰ ਰੈਪਿਡ ਐਕਸ਼ਨ ਫੋਰਸ ਦੀ 114 ਬਟਾਲੀਅਨ ਦੇ ਕਮਾਂਡੈਂਟ ਅਸ਼ਵਨੀ ਕੁਮਾਰ ਝਾਅ ਦੀ ਅਗਵਾਈ ਹੇਠ ਜਲੰਧਰ ਵਿਚ "ਹਰ ਘਰ ਤਿਰੰਗਾ" ਮੁਹਿੰਮ ਦੀ ਕਾਮਯਾਬੀ ਲਈ ਵੱਖ-ਵੱਖ ਥਾਵਾਂ 'ਤੇ ਰੈਲੀਆਂ ਦਾ

ਆਯੋਜਨ ਕੀਤਾ ਜਾ ਰਿਹਾ ਏ। ਇਸ ਤਹਿਤ ਬਟਾਲੀਅਨ ਨੇ ਵੱਖ-ਵੱਖ ਥਾਵਾਂ 'ਤੇ ਬਾਈਕ ਰੈਲੀ ਕੱਢੀ ਜਿਸ ਵਿਚ ਅਧਿਕਾਰੀਆਂ ਤੇ ਜਵਾਨਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਕਮਾਂਡੈਂਟ ਅਸ਼ਵਨੀ ਕੁਮਾਰ ਝਾਅ ਨੇ ਕਿਹਾ ਕਿ ਤਿਰੰਗਾ ਦੇਸ਼ ਦੀ ਆਨ, ਬਾਨ ਅਤੇ ਸ਼ਾਨ ਦਾ ਪ੍ਰਤੀਕ ਏ ਅਤੇ "ਹਰ ਘਰ ਤਿਰੰਗਾ" ਮੁਹਿੰਮ ਦੇਸ਼ ਪ੍ਰਤੀ ਸਤਿਕਾਰ ਤੇ ਸਮਰਪਣ ਦੀ ਭਾਵਨਾ ਦਿੰਦੀ ਏ। 114 ਵਾਹਿਨੀ ਹੈੱਡਕੁਆਰਟਰ ਤੋਂ ਵਿਧਾਨਪੁਰ ਪਿੰਡ, ਨੁਸੀ, ਰੰਧਾਵਾ ਅਤੇ ਲਿੱਦੜਾਂ ਪਿੰਡਾਂ ਵਿੱਚ ਰੈਲੀਆਂ ਕੀਤੀਆਂ ਗਈਆਂ। ਜਵਾਨਾਂ ਨੇ ਦੇਸ਼ ਭਗਤੀ ਦੇ ਨਾਅਰਿਆਂ ਤੇ ਦੇਸ਼ ਭਗਤੀ ਦੇ ਗੀਤਾਂ ਨਾਲ ਲੋਕਾਂ ਨੂੰ ਉਤਸ਼ਾਹਿਤ ਕੀਤਾ। ਜਵਾਨਾਂ ਨੇ ਲੋਕਾਂ ਵਿੱਚ ਤਿਰੰਗੇ ਝੰਡੇ ਦੀ ਵੰਡ ਕੀਤੀ ਅਤੇ ਤਿਰੰਗੇ ਝੰਡੇ ਨੂੰ ਲਹਿਰਾਉਣ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ। ਇਸ ਉਪਰਾਲੇ ਰਾਹੀਂ ਰੈਪਿਡ ਐਕਸ਼ਨ ਫੋਰਸ ਨੇ ਦੇਸ਼ ਭਗਤੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਦਾ ਯਤਨ ਕੀਤਾ।

---------------------------------------------------------

ਡਾ. ਬੀ.ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ ਐਨ ਆਈ ਟੀ ਜਲੰਧਰ ਨੇ ਨਸ਼ਾ ਮੁਕਤ ਭਾਰਤ ਦੇ ਹਿੱਸੇ ਵਜੋਂ ਇੱਕ

ਸਮੂਹਿਕ ਵਚਨਬੱਧਤਾ ਪ੍ਰੋਗਰਾਮ ਨਾਲ ਐਨ ਐਮ ਬੀ ਏ ਦੀ 5ਵੀਂ ਵਰ੍ਹੇਗੰਢ ਮਨਾਈ ਗਈ, ਜਿਹੜੀ ਸਮਾਜ ਵਿੱਚੋਂ ਨਸ਼ਿਆਂ ਦੀ ਦੁਰਵਰਤੋਂ ਖਤਮ ਕਰਨ ਲਈ ਭਾਰਤ ਸਰਕਾਰ ਵਲੋਂ ਸ਼ੁਰੂ ਇੱਕ ਦੇਸ਼ ਵਿਆਪੀ ਪਹਿਲਕਦਮੀ ਏ । ਇਸ ਸਮਾਗਮ ਵਿੱਚ ਐਨ ਆਈ ਟੀ ਦੇ ਵਿਦਿਆਰਥੀਆਂ, ਫੈਕਲਟੀ ਅਤੇ ਗੈਰ-ਅਧਿਆਪਨ ਸਟਾਫ ਨੇ ਉਤਸ਼ਾਹ ਨਾਲ ਹਿਸਾ ਲਿਆ । ਸਾਰਿਆਂ ਨੇ ਇਕੱਠੇ ਹੋ ਕੇ ਨਸ਼ਿਆਂ ਦੀ ਬੁਰਾਈ ਨਾਲ ਨਜਿੱਠਣ ਲਈ ਆਪਣੀ ਵਚਨਬੱਧਤਾ ਦੀ ਪੁਸ਼ਟੀ ਕੀਤੀ । ਐਨ ਆਈ ਟੀ ਦੇ ਡਾਇਰੈਕਟਰ ਪ੍ਰੋਫੈਸਰ ਬੀ ਕੇ ਕਨੌਜੀਆ ਨੇ ਨਸ਼ਿਆਂ ਵਿਰੁੱਧ ਲੜਾਈ ਵਿੱਚ ਐਨ ਐਮ ਬੀ ਏ ਦੀ ਮਹੱਤਤਾ 'ਤੇ ਜ਼ੋਰ ਦਿੱਤਾ । ਉਨਾਂ ਆਮ ਲੋਕਾਂ ਅਤੇ ਸਮਾਜ ਉਤੇ ਨਸ਼ਿਆਂ ਦੀ ਦੁਰਵਰਤੋਂ ਦੇ ਵਿਨਾਸ਼ਕਾਰੀ ਅਸਰ ਦੀ ਗੱਲ ਕਰਦਿਆਂ ਵਿਦਿਆਰਥੀਆਂ ਨੂੰ ਇਸ ਮੁਹਿੰਮ ਨੂੰ ਕਾਮਯਾਬ ਕਰਨ ਵਿਚ ਆਪਣਾ ਬਣਦਾ ਯੋਗਦਾਨ ਜਰੂਰ ਦੇਣ ਦੀ ਅਪੀਲ ਕੀਤੀ।

--------------------------------------------------

ਕ੍ਰਿਸ਼ੀ ਵਿਗਿਆਨ ਕੇਂਦਰ ਫ਼ਤਹਿਗੜ੍ਹ ਸਾਹਿਬ ਵੱਲੋਂ ਡੇਅਰੀ ਪਾਲਣ

ਸਬੰਧੀ ਸਹਿਯੋਗੀ ਡਾਇਰੈਕਟਰ ਸਿਖਲਾਈ ਡਾ: ਵਿਪਨ ਕੁਮਾਰ ਰਾਮਪਾਲ ਦੀ ਅਗਵਾਈ ਹੇਠ ਕਿੱਤਾ ਮੁਖੀ ਸਿਖਲਾਈ ਕੋਰਸ ਕਰਵਾਇਆ ਗਿਆ ਜਿਸ ਵਿੱਚ ਜ਼ਿਲ੍ਹੇ ਦੇ 16 ਕਿਸਾਨਾਂ ਨੇ ਸਿਖਲਾਈ ਹਾਸਲ ਕੀਤੀ। ਕੇਂਦਰ ਦੇ ਪਸ਼ੂ ਵਿਗਿਆਨ ਵਿਭਾਗ ਦੇ ਸਹਾਇਕ ਪ੍ਰੋਫੈਸਰ ਤੇ ਕੋਰਸ ਕੋਆਰਡੀਨੇਟਰ ਡਾ: ਜੀ.ਪੀ.ਐਸ. ਸੇਠੀ ਨੇ ਪਸ਼ੂਆਂ ਦੀਆਂ ਨਸਲਾਂ, ਪ੍ਰਜਨਨ ਪ੍ਰਬੰਧਨ, ਪਸ਼ੂਆਂ ਲਈ ਵਾੜੇ ਤੇ ਪਸ਼ੂਆਂ ਦੀਆਂ ਵੱਖ-ਵੱਖ ਬਿਮਾਰੀਆਂ ਅਤੇ ਉਨ੍ਹਾਂ ਦੇ ਸੰਭਾਵਤ ਇਲਾਜ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਸੁਧਰੀ ਨਸਲ ਦੀ ਪਛਾਣ, ਦੰਦਾਂ ਤੋਂ ਉਮਰ ਦਾ ਅੰਦਾਜਾ ਲਗਾਉਣ ਅਤੇ ਟੀਕਾਕਰਨ ਸਬੰਧੀ ਵੀ ਦੱਸਿਆ। ਕੇਂਦਰ ਦੇ ਗ੍ਰਹਿ ਵਿਗਿਆਨ ਵਿਭਾਗ ਦੀ ਸਹਾਇਕ ਪ੍ਰੋਫੈਸਰ ਡਾ: ਮਨੀਸ਼ਾ ਭਾਟੀਆ ਨੇ ਦੁੱਧ ਤੋਂ ਵੱਖ-ਵੱਖ ਉਤਪਾਦ ਬਣਾਉਣ ਬਾਰੇ ਜਾਣਕਾਰੀ ਦਿੱਤੀ। ਇਸ ਕੋਰਸ ਵਿੱਚ ਸਿਖਲਾਈ ਹਾਸਲ ਕਰਨ ਵਾਲੇ ਸਿਖਿਆਰਥੀਆਂ ਨੂੰ ਅਗਾਂਹਵਧੂ ਡੇਅਰੀ ਫਾਰਮ ਦਾ ਦੌਰਾ ਵੀ ਕਰਵਾਇਆ ਗਿਆ।